**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ,ਚੰਡੀਗੜ੍ਹ।**

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106

ਫ਼ੈਕਸ:0172-2624687 ਈ-ਮੇਲ: ssapunjab123@gmail.com

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.);

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.);

ਪੰਜਾਬ।

ਮੀਮੋ ਨੰ: 9/5-2010/ਸਸਅ/ਐਫਟੀਬੀ/ਰੈਸ਼./29476

ਮਿਤੀ, ਚੰਡੀਗੜ੍ਹ:16ਮਾਰਚ,2010

**ਵਿਸ਼ਾ: ਅਧਿਆਪਕਾਂ ਦੀਆਂ ਬਦਲੀਆਂ ਜਾਂ ਤਰੱਕੀਆਂ ਦੌਰਾਨ ਸਕੂਲਾਂ ਵਿੱਚ ਫ਼ਾਲਤੂ ਆਸਾਮੀਆਂ ਵਿਰੁੱਧ ਹਾਜਰ ਕਰਵਾਉਣ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ;

2.0 ਇਸ ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਰਾਜ ਦੇ ਕੁੱਝ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈ.ਸਿੱ.) ਅਤੇ (ਐ.ਸਿੱ) ਵੱਲੋਂ ਕਈ ਵਾਰ ਹਦਾਇਤਾਂ ਦੇਣ ਦੇ ਬਾਵਜ਼ੂਦ ਵੀ ਆਮ ਤੌਰ 'ਤੇ ਅਧਿਆਪਕਾਂ ਦੀਆਂ ਬਦਲੀਆਂ ਜਾਂ ਤਰੱਕੀਆਂ ਦੌਰਾਨ ਉਹਨਾਂ ਨੂੰ ਸਕੂਲਾਂ ਵਿੱਚ ਫ਼ਾਲਤੂ ਆਸਾਮੀਆਂ ਵਿਰੁੱਧ ਹਾਜਰ ਕਰਵਾ ਲਿਆ ਜਾਂਦਾ ਹੈ।

3.0 ਅਜਿਹੀਆਂ ਬੇਨਿਯਮੀਆਂ ਅਤੇ ਹਦਾਇਤਾਂ ਦੀ ਉਲੰਘਣਾ ਵਿਭਾਗ ਅਤੇ ਸਰਕਾਰ ਲਈ ਪ੍ਰੇਸ਼ਾਨੀ ਅਤੇ ਨਮੋਸ਼ੀ ਦਾ ਕਾਰਨ ਬਣਦੀ ਹੈ ਅਤੇ ਬੇਲੋੜੀ ਅਦਾਲਤੀ ਪ੍ਰਕਿਰਿਆ ਵਿੱਚ ਉਲਝਾਈ ਰੱਖਦੀ ਹੈ,ਜਿਸ ਨਾਲ ਵਿਭਾਗ ਦਾ ਸਮਾ ਜਾਇਆ ਹੁੰਦਾ ਹੈ।

4.0 ਅੱਗੇ ਤੋਂ ਆਪ ਜੀ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਕਿਸੇ ਵੀ ਅਧਿਆਪਕ ਨੂੰ ਬਦਲੀਆਂ ਜਾਂ ਤਰੱਕੀਆਂ ਦੌਰਾਨ ਫ਼ਾਲਤੂ ਆਸਾਮੀਆਂ ਵਿਰੁੱਧ ਹਾਜਰ ਨਾ ਕਰਵਾਇਆ ਜਾਵੇ, ਇਸ ਦੀ ਸਮੁੱਚੀ ਜ਼ਿਮੇਵਾਰੀ ਆਪ ਜੀ ਦੀ ਹੋਵੇਗੀ।

5.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,**
**ਪੰਜਾਬ।**

ਪਿੱਠ ਅੰਕਣ ਨੰ:-ਉਕਤ-

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਉਹਨਾਂ ਦੀ ਜਾਣਕਾਰੀ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.), ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ.), ਪੰਜਾਬ।
3. ਮੰਡਲ ਸਿੱਖਿਆ ਅਫ਼ਸਰ,ਪੰਜਾਬ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,**
**ਪੰਜਾਬ।**